# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 25-03-2026**

ਭਾਰਤੀ ਜਨਤਾ ਪਾਰਟੀ, ਪੰਜਾਬ ਨੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੂੰ ਇੱਕ ਮੰਗ ਪੱਤਰ ਸੌਂਪਿਆ ਏ ਜਿਸ ਵਿੱਚ ਪੰਜਾਬ ਰਾਜ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਜ਼ਿਲ੍ਹਾ ਮੈਨੇਜਰ ਡਾ. ਗਗਨਦੀਪ ਸਿੰਘ ਰੰਧਾਵਾ ਦੀ ਖੁਦਕੁਸ਼ੀ ਦੀ ਸੀਬੀਆਈ ਜਾਂਚ ਦੀ ਮੰਗ ਕੀਤੀ ਗਈ ਏ। ਪਿਛਲੇ ਦਿਨੀਂ, ਡਾ. ਰੰਧਾਵਾ ਨੇ ਖੁਦਕੁਸ਼ੀ ਕਰਨ ਤੋਂ ਪਹਿਲਾਂ ਬਣਾਈ ਵੀਡੀਓ ਵਿਚ ਕਥਿਤ ਤੌਰ 'ਤੇ ਸਾਬਕਾ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਖੁਦਕੁਸ਼ੀ ਲਈ ਜ਼ਿੰਮੇਵਾਰ ਠਹਿਰਾਇਆ ਸੀ। ਭਾਜਪਾ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਅਤੇ ਕਾਰਜਕਾਰੀ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਦੀ ਅਗਵਾਈ ਵਾਲੇ ਵਫ਼ਦ ਨੇ ਮੰਗ ਪੱਤਰ ਵਿੱਚ ਰਾਜਪਾਲ ਦਾ ਧਿਆਨ ਡਾ. ਰੰਧਾਵਾ ਦੀ ਖੁਦਕੁਸ਼ੀ ਅਤੇ ਇਸ ਮਾਮਲੇ ਵਿੱਚ ਪੰਜਾਬ ਸਰਕਾਰ ਦੁਆਰਾ ਸੱਤਾ ਦੀ ਦੁਰਵਰਤੋਂ, ਪ੍ਰਸ਼ਾਸਨਿਕ ਅਸਫਲਤਾ ਅਤੇ ਪ੍ਰਭਾਵਸ਼ਾਲੀ ਵਿਅਕਤੀਆਂ ਨੂੰ ਬਚਾਉਣ ਦੀਆਂ ਕੋਸ਼ਿਸ਼ਾਂ ਵੱਲ ਦਿਵਾਇਆ ਏ। ਭਾਜਪਾ ਆਗੂਆਂ ਨੇ ਕਿਹਾ ਏ ਕਿ ਸਿਰਫ਼ ਇੱਕ ਸੁਤੰਤਰ ਕੇਂਦਰੀ

ਏਜੰਸੀ ਸੀਬੀਆਈ ਹੀ ਇਸ ਮਾਮਲੇ ਵਿੱਚ ਨਿਰਪੱਖ ਤੇ ਪਾਰਦਰਸ਼ੀ ਜਾਂਚ ਨੂੰ ਯਕੀਨੀ ਬਣਾ ਸਕਦੀ ਏ। ਭਾਜਪਾ ਨੇ ਟੈਂਡਰ ਨਾਲ ਸਬੰਧਤ ਬੇਨਿਯਮੀਆਂ ਅਤੇ ਹਿੱਤਾਂ ਦੇ ਟਕਰਾਅ ਅਤੇ ਜਵਾਬਦੇਹੀ ਦੀ ਡੂੰਘਾਈ ਨਾਲ ਜਾਂਚ ਦੀ ਮੰਗ ਵੀ ਕੀਤੀ ਏ । ਬਾਅਦ ਵਿੱਚ, ਮੀਡੀਆ ਨਾਲ ਗੱਲਬਾਤ ਕਰਦਿਆਂ, ਸ੍ਰੀ ਜਾਖੜ ਨੇ ਕਿਹਾ...

Byte

-------------------------------------------------------------

ਪੰਜਾਬ ਪੁਲਿਸ ਨੇ ਛੇ ਮਹੀਨਿਆਂ ਤੋਂ ਵੱਧ ਸਮੇਂ ਤੋਂ ਭਗੌੜੇ ਚੱਲ ਰਹੇ ਸਨੌਰ ਤੋਂ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਨੂੰ ਗ੍ਰਿਫ਼ਤਾਰ ਕਰ ਲਿਆ ਏ। ਪਟਿਆਲਾ ਦੇ ਸੀਨੀਅਰ ਪੁਲਿਸ ਸੁਪਰਡੈਂਟ ਵਰੁਣ ਸ਼ਰਮਾ ਨੇ ਉਨ੍ਹਾਂ ਦੀ ਗ੍ਰਿਫ਼ਤਾਰੀ ਦੀ ਪੁਸ਼ਟੀ ਕੀਤੀ ਏ। ਵਿਧਾਇਕ ਨੂੰ ਜਬਰ ਜਨਾਹ ਅਤੇ ਧੋਖਾਧੜੀ ਸਮੇਤ ਗੰਭੀਰ ਦੋਸ਼ਾਂ ਵਿੱਚ ਅਦਾਲਤ ਨੇ ਭਗੌੜਾ ਐਲਾਨਿਆ ਸੀ। ਉਹ ਸਤੰਬਰ 2025 ਵਿੱਚ ਕਥਿਤ ਅਪਰਾਧਾਂ ਦੇ ਵਾਪਰਨ ਤੋਂ ਬਾਅਦ ਫਰਾਰ ਸੀ ਅਤੇ ਉਸ ਵਿਰੁੱਧ ਪਟਿਆਲਾ ਵਿੱਚ ਪੁਲਿਸ ਕੇਸ ਦਰਜ ਕੀਤਾ ਗਿਆ ਸੀ। ਪੁਲਿਸ ਨੇ ਉਨ੍ਹਾਂ ਵਿਰੁੱਧ ਲੁੱਕਆਊਟ ਨੋਟਿਸ ਵੀ ਜਾਰੀ ਕੀਤਾ ਸੀ। ਪਠਾਨਮਾਜਰਾ ਪਿਛਲੇ ਦੋ ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਜਾਣ ਵਾਲੇ ਪੰਜਾਬ ਦੇ ਦੂਜੇ ਵਿਧਾਇਕ

ਹਨ। ਇਸ ਤੋਂ ਪਹਿਲਾਂ ਵਿਧਾਇਕ ਅਤੇ ਸਾਬਕਾ ਟਰਾਂਸਪੋਰਟ ਮੰਤਰੀ ਲਾਲਜੀਤ ਭੁੱਲਰ ਨੂੰ ਖੁਦਕੁਸ਼ੀ ਲਈ ਉਕਸਾਉਣ ਦੇ ਇਕ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ।

--------------------------------------------------------

ਸਿਟੀ ਬਿਊਟੀਫੁਲ - ਚੰਡੀਗੜ੍ਹ ਨੇ ਕੱਲ੍ਹ ਆਪਣੀ ਸਿਰਜਣਾ ਦੇ 75 ਸਾਲ ਪੂਰੇ ਕਰ ਲਏ ਨੇ। ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਚੰਡੀਗੜ੍ਹ ਦੀ ਸਿਰਜਣਾ ਵਿੱਚ ਯੋਗਦਾਨ ਪਾਉਣ ਵਾਲਿਆਂ ਨੂੰ ਵਧਾਈ ਦਿੱਤੀ ਏ ਅਤੇ ਯੋਜਨਾਬੱਧ ਵਿਕਾਸ, ਸਫਾਈ, ਹਰੀਆਂ ਥਾਵਾਂ ਅਤੇ ਬਿਹਤਰ ਨਾਗਰਿਕ ਬੁਨਿਆਦੀ ਢਾਂਚੇ ਰਾਹੀਂ ਸ਼ਹਿਰ ਦੀ ਵਿਲੱਖਣ ਦਿੱਖ ਨੂੰ ਬਣਾਈ ਰੱਖਣ ਵਿੱਚ ਪ੍ਰਸ਼ਾਸਨ ਦੀ ਭੂਮਿਕਾ ਦੀ ਸ਼ਲਾਘਾ ਕੀਤੀ ਏ। ਸ਼ਹਿਰ ਦੀ ਯੋਜਨਾਬੰਦੀ ਅਤੇ ਵਿਕਾਸ ਵਿੱਚ ਯੋਗਦਾਨ ਪਾਉਣ ਵਾਲੇ 12 ਭਾਰਤੀ ਆਧੁਨਿਕਤਾਵਾਦੀਆਂ ਦੇ ਪਹਿਲੇ ਸਮੂਹ ਨੂੰ ਇੱਕ ਵਿਸ਼ੇਸ਼ ਤੌਰ 'ਤੇ ਆਯੋਜਿਤ ਪ੍ਰੋਗਰਾਮ  'ਚੰਡੀਗੜ੍ਹ ਦੇ 75 ਸਾਲ : ਚੰਡੀਗੜ੍ਹ ਦੇ ਭਾਰਤੀ ਆਧੁਨਿਕਤਾਵਾਦੀਆਂ ਦਾ ਸਨਮਾਨ' ਦੌਰਾਨ ਸਨਮਾਨਿਤ ਕੀਤਾ ਗਿਆ। ਬਜ਼ੁਰਗ ਆਰਕੀਟੈਕਟ ਐਸ. ਡੀ. ਸ਼ਰਮਾ ਨੇ ਵਿਅਕਤੀਗਤ ਤੌਰ 'ਤੇ ਸਨਮਾਨ ਪ੍ਰਾਪਤ ਕੀਤਾ ਜਦੋਂ ਕਿ ਬਾਕੀਆਂ ਦੇ ਪਰਿਵਾਰਕ ਮੈਂਬਰਾਂ ਨੂੰ

ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦੇ ਹੋਏ, ਰਾਜਪਾਲ ਨੇ ਚੰਡੀਗੜ੍ਹ ਨੂੰ ਆਧੁਨਿਕ ਭਾਰਤ ਦੇ ਦ੍ਰਿਸ਼ਟੀਕੋਣ ਅਤੇ ਯੋਜਨਾਬੱਧ ਵਿਕਾਸ ਦਾ ਪ੍ਰਤੀਕ ਦੱਸਿਆ। ਉਨ੍ਹਾਂ ਨੇ 1951 ਵਿੱਚ ਇਸ ਦੇ ਵਿਕਾਸ ਦੇ ਸ਼ੁਰੂ ਹੋਣ ਤੋਂ ਬਾਅਦ ਸ਼ਹਿਰ ਦੀ ਯਾਤਰਾ ਦਾ ਜ਼ਿਕਰ ਕੀਤਾ ਅਤੇ ਟਿਕਾਊ ਅਤੇ ਭਵਿੱਖ ਲਈ ਤਿਆਰ ਵਿਕਾਸ ਵੱਲ ਵਧਦੇ ਹੋਏ ਇਸ ਦੀ ਵਿਰਾਸਤ ਨੂੰ ਸੁਰੱਖਿਅਤ ਰੱਖਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।

----------------------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਅਤੇ ਸ੍ਰੀ ਆਨੰਦਪੁਰ ਸਾਹਿਬ ਤੋਂ ਵਿਧਾਇਕ ਹਰਜੋਤ ਸਿੰਘ ਬੈਂਸ ਨੇ ਐਲਾਨ ਕੀਤਾ ਏ ਸੂਬਾ ਸਰਕਾਰ ਜਲਦੀ ਹੀ ਨੰਗਲ, ਤਲਵਾੜਾ ਅਤੇ ਨਾਲ ਲੱਗਦੇ ਕਸਬਿਆਂ ਦੀ ਵਾਧੂ ਜ਼ਮੀਨ ਦੇ ਮਾਲਕੀ ਅਧਿਕਾਰ ਸਬੰਧਤ ਦੁਕਾਨਦਾਰਾਂ, ਵਸਨੀਕਾਂ ਅਤੇ ਹੋਰ ਕਾਬਜ਼ਕਾਰਾਂ ਨੂੰ ਦੇਵੇਗੀ ਕਿਉਂਕਿ ਇਹ ਜ਼ਮੀਨ ਭਾਖੜਾ ਬਿਆਸ ਮੈਨੇਜਮੈਂਟ ਬੋਰਡ (ਬੀ.ਬੀ.ਐਮ.ਬੀ.) ਦੀ ਨਹੀਂ, ਸਗੋਂ ਸਿਰਫ਼ ਪੰਜਾਬ ਦੀ ਏ। ਇਸ ਫੈਸਲੇ ਨਾਲ ਇਲਾਕੇ ਦੇ ਹਜ਼ਾਰਾਂ ਪਰਿਵਾਰਾਂ ‘ਤੇ ਦਹਾਕਿਆਂ ਤੋਂ ਲਟਕਦੀ ਤਲਵਾਰ ਖ਼ਤਮ ਹੋ ਜਾਵੇਗੀ ਕਿਉਂਕਿ ਜਲ ਸਰੋਤ ਵਿਭਾਗ ਨੇ 800 ਏਕੜ ਤੋਂ ਵੱਧ ਅਜਿਹੀ ਜ਼ਮੀਨ ਸਬੰਧੀ ਬੀ.ਬੀ.ਐਮ.ਬੀ. ਨਾਲ ਰਸਮੀ ਰਾਬਤਾ ਸ਼ੁਰੂ ਵੀ ਕਰ ਦਿੱਤਾ ਏ। ਉਨ੍ਹਾਂ ਕਿਹਾ ਕਿ ਜਲ ਸਰੋਤ

ਵਿਭਾਗ ਨੇ ਬੀ.ਬੀ.ਐਮ.ਬੀ. ਨੂੰ ਰਸਮੀ ਨੋਟਿਸ ਭੇਜੇ ਨੇ, ਜਿਸ ਵਿੱਚ ਇਹ ਸਪੱਸ਼ਟ ਕੀਤਾ ਗਿਆ ਏ ਕਿ 800 ਏਕੜ ਤੋਂ ਵੱਧ ਵਾਧੂ ਜ਼ਮੀਨ ਪੰਜਾਬ ਦੀ ਜਾਇਦਾਦ ਏ। ਕਾਨੂੰਨੀ ਸਥਿਤੀ ਨੂੰ ਸਪੱਸ਼ਟ ਕਰਦਿਆਂ ਉਨ੍ਹਾਂ ਕਿਹਾ ਕਿ ਭਾਖੜਾ ਬਿਆਸ ਪ੍ਰਬੰਧਨ ਬੋਰਡ ਕੋਲ ਅਜਿਹੀਆਂ ਜਾਇਦਾਦਾਂ ਲਈ ਲੀਜ਼ ਨੀਤੀ ਬਣਾਉਣ ਦਾ ਕੋਈ ਅਧਿਕਾਰ ਨਹੀਂ ਏ। ਉਨ੍ਹਾਂ ਅੱਗੇ ਕਿਹਾ ਕਿ ਨੰਗਲ ਲਈ ਇੱਕ ਨਵੇਂ ਜੁਡੀਸ਼ੀਅਲ ਕੰਪਲੈਕਸ ਦੀ ਪਛਾਣ ਵੀ ਕੀਤੀ ਗਈ ਏ ਅਤੇ ਜਲਦ ਹੀ ਇਸ ਨੂੰ ਤਿਆਰ ਕੀਤਾ ਜਾਵੇਗਾ।

--------------------------------------------------------

ਸ੍ਰੀ ਮੁਕਤਸਰ ਸਾਹਿਬ ਵਿੱਚ ਸੀਵਰੇਜ ਦੀ ਸਫ਼ਾਈ ਦੌਰਾਨ ਇੱਕ ਸਫ਼ਾਈ ਕਰਮਚਾਰੀ ਦੀ ਮੌਤ ਦੇ ਮਾਮਲੇ ਨੂੰ ਰਾਸ਼ਟਰੀ ਸਫ਼ਾਈ ਕਰਮਚਾਰੀ ਕਮਿਸ਼ਨ ਵੱਲੋਂ ਗੰਭੀਰਤਾ ਨਾਲ ਲਿਆ ਗਿਆ ਏ। ਕਮਿਸ਼ਨ ਦੇ ਵਾਈਸ ਚੇਅਰਮੈਨ ਹਰਦੀਪ ਸਿੰਘ ਗਿੱਲ ਨੇ ਜ਼ਿਲ੍ਹਾ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੀਟਿੰਗ ਕਰ ਕੇ ਲਾਪਰਵਾਹੀ ਲਈ ਜ਼ਿੰਮੇਵਾਰ ਅਧਿਕਾਰੀਆਂ ਅਤੇ ਠੇਕੇਦਾਰਾਂ ਖ਼ਿਲਾਫ਼ ਸਖ਼ਤ ਕਾਰਵਾਈ ਦੇ ਨਿਰਦੇਸ਼ ਜਾਰੀ ਕੀਤੇ ਨੇ। ਮੀਟਿੰਗ ਦੌਰਾਨ ਉਨ੍ਹਾਂ ਨੇ ਪੀੜਤ ਪਰਿਵਾਰ ਨੂੰ ਸਾਢੇ 12 ਲੱਖ ਰੁਪਏ ਦੀ ਵਿੱਤੀ ਸਹਾਇਤਾ ਦੇਣ ਦੀ ਪੁਸ਼ਟੀ ਕੀਤੀ ਏ। ਉਨ੍ਹਾਂ ਦੱਸਿਆ ਕਿ ਘਟਨਾ ਦੀ ਜਾਂਚ ਲਈ ਬਣਾਈ ਗਈ ਵਿਸ਼ੇਸ਼ ਜਾਂਚ ਟੀਮ (SIT) ਇੱਕ ਮਹੀਨੇ

ਅੰਦਰ ਆਪਣੀ ਰਿਪੋਰਟ ਪੇਸ਼ ਕਰੇਗੀ। ਮੀਟਿੰਗ ਵਿੱਚ ਗੈਰਹਾਜ਼ਰ ਰਹਿਣ ਵਾਲੇ ਨਗਰ ਕੌਂਸਲ ਦੇ ਕਾਰਜਸਾਧਕ ਅਧਿਕਾਰੀ (ਈ.ਓ.) ਵਿਰੁੱਧ ਵੀ ਸਖ਼ਤ ਰੁਖ਼ ਅਖਤਿਆਰ ਕੀਤਾ ਗਿਆ ਅਤੇ ਐਸ.ਡੀ.ਐਮ. ਨੂੰ ਤੁਰੰਤ ਜਵਾਬ ਤਲਬ ਕਰਨ ਦੇ ਹੁਕਮ ਦਿੱਤੇ ਗਏ ਨੇ। ਵਾਈਸ ਚੇਅਰਮੈਨ ਨੇ ਕਿਹਾ ਕਿ ਹੁਣ ਤੋਂ ਸੀਵਰੇਜ ਦੀ ਸਫ਼ਾਈ ਸਿਰਫ਼ ਦਿਨ ਦੇ ਸਮੇਂ ਹੀ ਕੀਤੀ ਜਾਵੇਗੀ ਅਤੇ ਸਫ਼ਾਈ ਕਰਮਚਾਰੀਆਂ ਲਈ ਸੁਰੱਖਿਆ ਕਿੱਟਾਂ ਦੀ ਵਰਤੋਂ ਲਾਜ਼ਮੀ ਹੋਵੇਗੀ। ਇਸ ਦੇ ਨਾਲ ਹੀ ਠੇਕੇਦਾਰਾਂ ਨੂੰ ਐਫੀਡੇਵਿਟ ਦੇਣਾ ਪਵੇਗਾ ਕਿ ਸਾਰੇ ਨਿਯਮਾਂ ਦੀ ਪਾਲਣਾ ਕੀਤੀ ਜਾ ਰਹੀ ਏ। ਸਾਰੇ ਸਫ਼ਾਈ ਕਰਮਚਾਰੀਆਂ ਦੇ ਆਈਡੀ ਕਾਰਡ ਬਣਾਏ ਜਾਣਗੇ, ਜਿਨ੍ਹਾਂ ‘ਤੇ ਉਨ੍ਹਾਂ ਦਾ ਬਲੱਡ ਗਰੁੱਪ ਵੀ ਦਰਜ ਹੋਵੇਗਾ।

-------------------------------------------------------